**Office of Deputy Commissioner, Fazilka**
**ਦਫਤਰ ਡਿਪਟੀ ਕਮਿਸ਼ਨਰ, ਫਾਜ਼ਿਲਕਾ**
**(ਫੁੱਟਕਲ ਸ਼ਾਖਾ)**

---

**ਹੁਕਮ** :-

Covid-19 (ਕੋਰੋਨਾ ਵਾਇਰਸ) ਨੂੰ ਸਰਕਾਰ ਵੱਲੋਂ ਮਹਾਂਮਾਰੀ ਬਿਮਾਰੀ ਘੋਸ਼ਿਤ ਕੀਤਾ ਜਾ ਚੁੱਕਾ ਹੈ। ਜਿਸ ਦੀ ਰੋਕਥਾਮ ਕਰਨੀ ਬਹੁਤ ਜ਼ਰੂਰੀ ਹੈ। ਇਸ ਸਬੰਧੀ ਇਸ ਦਫਤਰ ਦੇ ਪੱਤਰ ਨੰਬਰ ਐਮ.ਸੀ-1/ਐਮ.ਏ/2020/4370-92/ ਮਿਤੀ 23-03-2020 ਰਾਹੀਂ ਕੋਰੋਨਾ ਵਾਇਰਸ ਦੀ ਰੋਕਥਾਮ ਲਈ ਮਿਤੀ 23-03-2002 ਤੋਂ ਮਿਤੀ 31-03-2020 ਤੱਕ ਕਰਫਿਊ ਦੇ ਆਦੇਸ਼ ਦਿੱਤੇ ਜਾ ਚੁੱਕੇ ਹਨ।

ਫਾਜ਼ਿਲਕਾ ਜ਼ਿਲ੍ਹੇ ਵਿਚ ਇਸ ਸਮੇਂ ਸਰੋਂ ਦੀ ਫਸਲ ਪੱਕ ਕੇ ਤਿਆਰ ਹੋ ਚੁੱਕੀ ਹੈ ਅਤੇ ਜਿਸ ਦੀ ਕਟਾਈ ਹੋਣੀ ਬਾਕੀ ਹੈ, ਅਗਰ ਇਸ ਸਮੇਂ ਸਰੋਂ ਦੀ ਕਟਾਈ ਨਹੀਂ ਹੁੰਦੀ ਤਾਂ ਸਰੋਂ ਦੀ ਫਸਲ ਖਰਾਬ ਹੋ ਸਕਦੀ ਹੈ, ਜਿਸ ਨਾਲ ਜ਼ਿੰਮੀਦਾਰਾਂ ਦਾ ਵਿੱਤੀ ਨੁਕਸਾਨ ਹੋਵੇਗਾ। ਇਸ ਲਈ ਸਰੋਂ ਦੀ ਫਸਲ ਦੀ ਆਮਦ ਨੂੰ ਦੇਖਦੇ ਹੋਏ ਫਾਜ਼ਿਲਕਾ ਜ਼ਿਲ੍ਹੇ ਵਿਚ ਸਰੋਂ ਦੀ ਕਟਾਈ ਕਰਨ ਲਈ ਛਿੱਲ ਦਿੱਤੀ ਜਾਂਦੀ ਹੈ ਤਾਂ ਜੋ ਸਰੋਂ ਦੀ ਫਸਲ ਦੀ ਸਾਂਭ ਸੰਭਾਲ ਹੋ ਸਕੇ।

ਫਾਜ਼ਿਲਕਾ ਜ਼ਿਲ੍ਹੇ ਦੇ ਸਮੂਹ ਜ਼ਿੰਮੀਦਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਸਰੋਂ ਦੀ ਫਸਲ ਦੀ ਕਟਾਈ ਪਿੰਡ ਦੇ ਖੇਤ ਮਜ਼ਦੂਰਾਂ ਪਾਸੋਂ ਹੀ ਕਰਵਾਈ ਜਾਣੀ ਯਕੀਨੀ ਬਣਾਉਣਗੇ। ਸਮੂਹ ਜ਼ਿੰਮੀਦਾਰ ਇਹ ਵੀ ਯਕੀਨੀ ਬਣਾਉਣਗੇ ਕਿ ਸਰੋਂ ਦੀ ਕਟਾਈ ਸਮੇਂ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਹਰੇਕ ਖੇਤ ਮਜ਼ਦੂਰ ਆਪਸ ਵਿਚ ਸਮਾਜਿਕ ਦੂਰੀ ਬਣਾਈ ਰੱਖਣੇ ਤਾਂ ਜੋ ਕੋਰੋਨੋ ਵਾਇਰਸ ਦੀ ਮਹਾਂਮਾਰੀ ਤੋਂ ਬਚਿਆ ਜਾ ਸਕੇ। ਮੁੱਖ ਖੇਤੀਬਾੜੀ ਅਫਸਰ, ਫਾਜ਼ਿਲਕਾ ਇਸ ਗੱਲ ਨੂੰ ਯਕੀਨੀ ਬਣਾਉਣਗੇ ਕਿ ਕਿਸੇ ਵੀ ਜ਼ਿੰਮੀਦਾਰ /ਖੇਤ ਮਜ਼ਦੂਰ ਵੱਲੋਂ ਹੁਕਮਾਂ ਦੀ ਉਲੰਘਣਾ ਨਾ ਕੀਤੀ ਜਾਵੇ।

ਇਹ ਹੁਕਮ ਅੱਜ ਮਿਤੀ 28-03-2020 ਨੂੰ ਮੇਰੇ ਹਸਤਾਖਰ/ਅਦਾਲਤੀ ਮੋਹਰ ਹੇਠ ਜਾਰੀ ਕੀਤਾ ਜਾਂਦਾ ਹੈ।

ਜ਼ਿਲ੍ਹਾ ਮੈਜਿਸਟਰੇਟ
ਫਾਜ਼ਿਲਕਾ

ਅਰਵਿੰਦ ਪਾਲ ਸਿੰਘ ਸੰਧੂ, ਆਈ.ਏ.ਐਸ.
ਜ਼ਿਲ੍ਹਾ ਮੈਜਿਸਟਰੇਟ, ਫਾਜ਼ਿਲਕਾ।

ਪਿੱਠ ਅੰਕਣ ਨੰਬਰ 5204-15 /ਐਮ.ਸੀ.3/ਐਮ.ਏ. ਮਿਤੀ 28-03-2020

ਇਸ ਦਾ ਇੱਕ ਉਤਾਰਾ :-

1) ਸੀਨੀਅਰ ਕਪਤਾਨ ਪੁਲਿਸ, ਫਾਜ਼ਿਲਕਾ ।
2) ਸਿਵਲ ਸਰਜਨ, ਫਾਜ਼ਿਲਕਾ ।
3) ਵਧੀਕ ਡਿਪਟੀ ਕਮਿਸ਼ਨਰ (ਜਨ) / (ਵਿਕਾਸ) ਫਾਜ਼ਿਲਕਾ ।
4) ਮੁੱਖ ਖੇਤੀਬਾੜੀ ਅਫਸਰ, ਫਾਜ਼ਿਲਕਾ
5) ਸਮੂਹ ਉਪ ਮੰਡਲ ਮੈਜਿਸਟਰੇਟ, ਜ਼ਿਲ੍ਹਾ ਫਾਜ਼ਿਲਕਾ।
6) ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਫਾਜ਼ਿਲਕਾ
7) ਪ੍ਰਧਾਨ ਕਿਸਾਨ ਯੂਨੀਅਨ, ਜ਼ਿਲ੍ਹਾ ਫਾਜ਼ਿਲਕਾ/ਪ੍ਰਧਾਨ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਫਾਜ਼ਿਲਕਾ
8) ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ।

ਵਾ: ਜ਼ਿਲ੍ਹਾ ਮੈਜਿਸਟਰੇਟ,
ਫਾਜ਼ਿਲਕਾ।

Scanned with CamScanner